ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   12 ਨਵੰਬਰ 2026 ਦਿਨ ਵੀਰਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਪਰਾਲੀ ਪ੍ਰਬੰਧਨ ਲਈ ਨੌਜਵਾਨਾਂ ਨੂੰ ਜਾਗਰੂਕ ਕਰਨ ਵਾਸਤੇ ਪੀਏਯੂ ਦਾ ਵਿਸ਼ੇਸ਼ ਕੈਂਪ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 12 ਨਵੰਬਰ : ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀ ਅਗਵਾਈ ਹੇਠ ਸਕਿੱਲ ਡਿਵੈਲਪਮੈਂਟ ਸੈਂਟਰ ਵੱਲੋਂ ਨਿਰਦੇਸ਼ਕ ਵਿਦਿਆਰਥੀ ਭਲਾਈ ਦੇ ਸਹਿਯੋਗ ਨਾਲ 11 ਨਵੰਬਰ, 2026 ਨੂੰ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਸਿਖਲਾਈ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ ਯੂਨੀਵਰਸਿਟੀ ਦੇ 350 ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਭਾਗ ਲਿਆ। ਇਸ ਮੌਕੇ ਦੌਰਾਨ ਡਾ. ਪੀ.ਐੱਸ. ਸੰਧੂ, ਅੱਪਰ ਨਿਰਦੇਸ਼ਕ ਪਸਾਰ ਸਿੱਖਿਆ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਮਕਸਦ ਐੱਨ.ਐੱਸ.ਐੱਸ. ਵਲੰਟਿਅਰਾਂ ਨੂੰ ਕਿਸਾਨਾਂ ਦੁਆਰਾ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਵਾਹੁਣ ਅਤੇ ਰਸਾਇਣਕ ਖਾਦਾਂ ਦੀ ਵਰਤੋਂ ਘਟਾਉਣ ਲਈ ਜਾਗਰੂਕ ਕਰਨਾ ਸੀ ਤਾਂ ਜੋ ਉਹ ਪਿੰਡਾਂ ਵਿੱਚ ਕਿਸਾਨਾਂ ਨੂੰ ਯੂਨੀਵਰਸਿਟੀ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣੂੰ ਕਰਵਾ ਸਕਣ। ਡਾ. ਰੁਪਿੰਦਰ ਕੌਰ, ਸਹਿਯੋਗੀ ਨਿਰਦੇਸ਼ਕ(ਸਕਿੱਲ ਡਿਵੈਲਪਮੈਂਟ) ਨੇ ਪਰਾਲੀ ਸਾੜਣ ਤੋਂ ਗੁਰੇਜ਼ ਕਰਨ ਅਤੇ ਇਸ ਨੂੰ ਖੇਤ ਵਿੱਚ ਹੀ ਸੰਭਾਲਣ ਦੀ ਮਹੱਤਤਾ ਬਾਰੇ ਜਾਣੂੰ ਕਰਵਾਇਆ।

ਡਾ. ਲਵਲੀਸ਼ ਗਰਗ ਨੇ ਪੰਜਾਬ ਰਾਜ ਵਿੱਚ ਪਰਾਲੀ ਦੀ ਸਾਂਭ-ਸੰਭਾਲ ਦੇ ਵੱਖ-ਵੱਖ ਤਰੀਕਿਆਂ ਬਾਰੇ ਚਾਨਣਾ ਪਾਇਆ। ਡਾ. ਹਰਮੀਤ ਸਰਲਾਚ ਨੇ ਸਿਖਿਆਰਥੀਆਂ ਨੂੰ ਸਹੁੰ ਚੁਕਾਈ ਕਿ ਉਹ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਪੁਰਜ਼ੋਰ ਯਤਨ ਕਰਨਗੇ ਅਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਉਣਗੇ। ਫਸਲ ਵਿਗਿਆਨ ਵਿਭਾਗ ਦੇ ਡਾ. ਜਸਵੀਰ ਸਿੰਘ ਗਿੱਲ ਨੇ ਪੀ.ਏ.ਯੂ. ਵੱਲੋਂ ਸਿਫ਼ਾਰਸ਼ ਕੀਤੀ ਕਣਕ ਦੀ ਬਿਜਾਈ ਸੁਪਰ ਸੀਡਰ ਮਸ਼ੀਨ ਨਾਲ ਕਰਨ ਦੀ ਸਲਾਹ ਦਿੱਤੀ ਅਤੇ ਬੀਜ ਨੂੰ ਬਿਜਾਈ ਤੋਂ ਪਹਿਲਾਂ ਜੈਵਿਕ ਖਾਦਾਂ ਨਾਲ ਸੋਧਣ 'ਤੇ ਜ਼ੋਰ ਦਿੱਤਾ। ਝੋਨੇ ਦੀ ਸਿੱਧੀ ਬਿਜਾਈ ਬਾਰੇ ਸਿਖਿਆਰਥੀਆਂ ਨੂੰ ਜਾਗਰੂਕ ਕੀਤਾ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਬਚਾਇਆ ਜਾ ਸਕੇ। ਫਾਰਮ ਮਸ਼ੀਨਰੀ ਅਤੇ ਪਾਵਰ ਇੰਜੀਨੀਅਰਿੰਗ ਵਿਭਾਗ ਦੇ ਡਾ. ਮਨਪ੍ਰੀਤ ਸਿੰਘ ਭਾਮ ਨੇ ਪਰਾਲੀ ਦੀ ਸਾਂਭ-ਸੰਭਾਲ ਵਿੱਚ ਵਰਤੀਆਂ ਜਾਣ ਵਾਲੀਆਂ ਵੱਖ-ਵੱਖ ਮਸ਼ੀਨਾਂ ਬਾਰੇ ਚਾਨਣਾ ਪਾਇਆ ਅਤੇ ਇਸ ਤੋਂ ਇਲਾਵਾ ਮਸ਼ੀਨਾਂ ਦੀ ਰੱਖ-ਰਖਾਵ ਬਾਰੇ ਜਾਣਕਾਰੀ ਸਾਂਝੀ ਕੀਤੀ। ਅੰਤ ਵਿੱਚ ਡਾ. ਕੁਲਵੀਰ ਕੌਰ ਨੇ ਆਏ ਹੋਏ ਸਪੀਕਰਾਂ, ਨਿਰਦੇਸ਼ਕ ਵਿਦਿਆਰਥੀ ਭਲਾਈ ਅਤੇ ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫਸਰਾਂ ਅਤੇ ਸਿਖਿਆਰਥੀਆਂ ਦਾ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਇਸ ਮੌਕੇ ਡਾ. ਗਗਨਦੀਪ ਕੌਰ, ਡਾ. ਹਰਮਨਦੀਪ ਕੌਰ, ਡਾ. ਅਮਨ ਸ਼ਰਮਾ, ਡਾ. ਐਨਾ ਗੋਇਲ ਅਤੇ ਡਾ. ਰੋਹਿਤ ਛਾਬੜਾ ਅਤੇ ਮੈਡਮ ਕੰਵਲਜੀਤ ਕੌਰ ਸ਼ਾਮਲ ਸਨ।

ਦੋ ਰੋਜ਼ਾ ਚੌਥੀ ਕੈਡੇਟ ਜੂਨੀਅਰ ਸਟੇਟ ਕੁਰਾਸ਼ ਚੈਂਪੀਅਨਸ਼ਿਪ ਕਰਵਾਈ

ਹਰਸਨਦੀਪ ਸਿੰਘ ਗਿੱਲ ਮੈਮੋਰੀਅਲ ਚੈਰੀਟੇਬਲ ਸੁਸਾਇਟੀ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਉਪਰਾਲਾ ਸ਼ਲਾਘਾਯੋਗ- ਸਾਬਕਾ ਡੀਆਈਜੀ ਮਨਦੀਪ ਸਿੰਘ ਸਿੱਧੂ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 12 ਨਵੰਬਰ: ਸਾਬਕਾ ਡੀਆਈਜੀ ਮਨਦੀਪ ਸਿੰਘ ਸਿੱਧੂ ਨੇ ਕਿਹਾ ਹੈ ਕਿ ਸ. ਹਰਸਨਦੀਪ ਸਿੰਘ ਗਿੱਲ ਮੈਮੋਰੀਅਲ ਚੈਰੀਟੇਬਲ ਸੁਸਾਇਟੀ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ।

ਸਾਬਕਾ ਡੀਆਈਜੀ ਸਿੱਧੂ ਨੇ ਅੱਜ ਸ. ਹਰਸਨਦੀਪ ਸਿੰਘ ਗਿੱਲ ਮੈਮੋਰੀਅਲ ਚੈਰੀਟੇਬਲ ਸੁਸਾਇਟੀ ਵੱਲੋਂ ਸਾਬਕਾ ਐਸ ਪੀ ਜਗਜੀਤ ਸਿੰਘ ਗਿੱਲ ਦੀ ਅਗਵਾਈ ਹੇਠ ਸਪੋਰਟਸ ਕਲੱਬ, ਸਾਹਿਬ ਨਗਰ ਥੇੜੀ, ਅਰਬਨ ਅਸਟੇਟ, ਫੇਜ਼-1 ਵਿਖੇ ਦੋ-ਰੋਜ਼ਾ 'ਚੌਥੀ ਕੈਡੇਟ ਜੂਨੀਅਰ ਸਟੇਟ ਕੁਰਾਸ਼ ਚੈਂਪੀਅਨਸ਼ਿਪ 2026' ਦੇ ਜੇਤੂਆਂ ਨੂੰ ਇਨਾਮ ਵੰਡੇ।

ਮਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਜਗਜੀਤ ਸਿੰਘ ਗਿੱਲ ਦੇ ਹੋਣਹਾਰ ਸਪੁੱਤਰ, ਸ. ਹਰਸਨਦੀਪ ਸਿੰਘ ਗਿੱਲ (ਸਾਬਕਾ ਐੱਸ.ਐੱਚ.ਓ. ਸਦਰ ਸਮਾਣਾ) ਦਾ 40ਵਾਂ ਜਨਮ ਦਿਨ ਖੇਡਾਂ ਨੂੰ ਸਮਰਪਿਤ ਕਰਕੇ ਮਨਾਉਣਾ

ਖੇਡਾਂ ਨੂੰ ਉਤਸ਼ਾਹਿਤ ਕਰਨਾ ਅਤੇ ਇੱਕ ਮਜ਼ਬੂਤ ਪੰਜਾਬ ਦੀ ਸਿਰਜਣਾ ਕਰਨਾ ਹੈ।

ਜਗਜੀਤ ਸਿੰਘ ਗਿੱਲ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਅੰਡਰ 14, ਅੰਡਰ 18 ਅਤੇ ਓਪਨ ਵਰਗ ਦੇ ਲੜਕੇ ਅਤੇ ਲੜਕੀਆਂ ਦੇ ਵੱਖ-ਵੱਖ ਭਾਰ ਵਰਗ ਦੇ ਰੋਮਾਂਚਕ ਮੁਕਾਬਲੇ ਕਰਵਾਏ ਗਏ। ਉਨ੍ਹਾਂ ਕਿਹਾ ਕਿ ਇਹ ਸਪੋਰਟਸ ਕਲੱਬ ਸੁਰਜੀਤ ਵਾਲੀਆ (ਇੰਟਰਨੈਸ਼ਨਲ ਕੋਚ) ਦੀ ਅਗਵਾਈ ਹੇਠ ਚੱਲ ਰਿਹਾ ਹੈ ਅਤੇ ਖਿਡਾਰੀਆਂ ਦੇ ਉਤਸ਼ਾਹ ਨੂੰ ਦੇਖਦੇ ਹੋਏ ਇਹ ਟੂਰਨਾਮੈਂਟ 2023 ਤੋਂ ਲਗਾਤਾਰ ਹਰ ਸਾਲ ਕਰਵਾਇਆ ਜਾ ਰਿਹਾ ਹੈ। ਸੁਸਾਇਟੀ ਪ੍ਰਬੰਧਕਾਂ ਨੇ ਦੱਸਿਆ ਕਿ ਸੰਸਥਾ ਖੇਡਾਂ ਦੇ ਨਾਲ-ਨਾਲ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਮੋਹਰੀ ਭੂਮਿਕਾ ਨਿਭਾ ਰਹੀ ਹੈ। ਸੁਸਾਇਟੀ ਵੱਲੋਂ ਪਿੰਡ ਡੀਲਵਾਲ ਵਿਖੇ ਔਰਤਾਂ ਨੂੰ ਆਤਮ-ਨਿਰਭਰ ਬਣਾਉਣ ਲਈ ਇੱਕ ਮੁਫ਼ਤ ਸਿਲਾਈ ਸੈਂਟਰ ਚਲਾਇਆ ਜਾ ਰਿਹਾ ਹੈ ਅਤੇ ਗਰੀਬ ਤੇ ਲੋੜਵੰਦ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਮੁਫ਼ਤ ਟਿਊਸ਼ਨ ਕਲਾਸਾਂ ਵੀ ਲਗਾਈਆਂ ਜਾ ਰਹੀਆਂ ਹਨ।

ਪਿੰਡ ਟਹਿਣਾ ਵਿਖੇ ਸੀਵਰੇਜ ਪਾਈਪ ਲਾਈਨ ਅਤੇ ਗਲੀਆਂ-ਨਾਲੀਆਂ ਦੀ ਉਸਾਰੀ ਦੇ ਕੰਮ ਦਾ ਸਪੀਕਰ ਸੰਧਵਾਂ ਨੇ ਕੀਤਾ ਉਦਘਾਟਨ

ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਸਰਕਾਰ ਵਚਨਬੱਧ- ਸਪੀਕਰ ਸੰਧਵਾਂ


ਵਰਲਡ ਪੰਜਾਬੀ ਟਾਈਮਜ਼



ਕੋਟਕਪੂਰਾ, 12 ਨਵੰਬਰ : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪਿੰਡ ਟਹਿਣਾ ਵਿਖੇ ਸੀਵਰੇਜ ਲਈ ਪਾਈਪ ਲਾਈਨ ਅਤੇ ਗਲੀਆਂ-ਨਾਲੀਆਂ ਦੀ ਉਸਾਰੀ ਦੇ ਕੰਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਉਹ ਪਿੰਡ ਵਾਸੀਆਂ ਦੇ ਬਹੁਤ ਸ਼ੁਕਰਗੁਜ਼ਾਰ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਚੋਣਾਂ ਦੌਰਾਨ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਾਲ 2027 ਵਿੱਚ ਮੁੜ ਵੋਟਾਂ ਮੰਗਣ ਆਉਣ ਤੋਂ ਪਹਿਲਾਂ ਸਰਕਾਰ ਵੱਲੋਂ ਕੀਤੇ ਕੰਮ ਲੋਕਾਂ ਦੇ ਸਾਹਮਣੇ ਹੋਣਗੇ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਲੋਕਾਂ ਦੀ ਸੇਵਾ ਕਰਨਾ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਕਦੇ ਵੀ ਕਿਸੇ ਵਿਅਕਤੀ ਦਾ ਕੰਮ ਕਰਨ ਤੋਂ ਪਹਿਲਾਂ ਇਹ ਨਹੀਂ ਪੁੱਛਿਆ ਕਿ ਉਸ ਨੇ ਉਨ੍ਹਾਂ ਨੂੰ ਵੋਟ ਪਾਈ ਹੈ ਜਾਂ ਨਹੀਂ। ਉਨ੍ਹਾਂ ਦਾ ਮੰਨਣਾ ਹੈ ਕਿ ਜਿਹੜਾ ਵੀ ਵਿਅਕਤੀ ਆਪਣਾ ਜਾਇਜ਼ ਕੰਮ ਲੈ ਕੇ ਆਉਂਦਾ ਹੈ, ਉਸ ਦਾ ਕੰਮ ਕਰਵਾਉਣਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਨੇ ਲੋਕਾਂ ਦੇ ਕੰਮਾਂ ਦੇ ਬਦਲੇ ਕਦੇ ਕਿਸੇ ਕਿਸਮ ਦਾ ਪੈਸਾ ਜਾਂ ਨਿੱਜੀ ਲਾਭ ਨਹੀਂ ਲਿਆ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਪੰਜਾਬ ਨੂੰ ਵਿਕਾਸ ਦੀ ਸਹੀ ਦਿਸ਼ਾ ਵਿੱਚ ਅੱਗੇ ਲਿਜਾਣ ਲਈ ਸਾਰਿਆਂ ਦੇ ਸਹਿਯੋਗ ਦੀ ਲੋੜ ਹੈ। ਉਨ੍ਹਾਂਕਿਹਾ ਕਿ ਪਿੰਡਾਂ ਦੇ ਰਹਿੰਦੇ ਵਿਕਾਸ ਕਾਰਜਾਂ ਨੂੰ ਵੀ ਤਰਜੀਹ ਦੇ ਆਧਾਰ ਤੇ ਪੂਰਾ ਕਰਵਾਉਣ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਸਰਪੰਚ ਸ੍ਰੀਮਤੀ ਬਲਜਿੰਦਰ ਕੌਰ, ਮਾਸਟਰ ਜਗਦੇਵ ਸਿੰਘ ਅਤੇ ਸਮੂਹ ਗ੍ਰਾਮ ਪੰਚਾਇਤ ਟਹਿਣਾ ਸਮੇਤ ਪਿੰਡ ਵਾਸੀ ਹਾਜ਼ਰ ਸਨ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਮੈਗਜ਼ੀਨ "ਸ਼ਬਦ " ਦਾ 'ਗਿਆਨੀ ਸੋਹਣ ਸਿੰਘ ਸੀਤਲ' ਵਿਸ਼ੇਸ਼ ਅੰਕ ਲੋਕ-ਅਰਪਣ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 12 ਨਵੰਬਰ : ਸਿਰਮੌਰ ਢਾਡੀ, ਸ਼ਾਇਰ, ਪੰਜਾਬੀ ਨਾਵਲਕਾਰ ਅਤੇ ਸਿੱਖ ਇਤਿਹਾਸਕਾਰ ਗਿਆਨੀ ਸੋਹਣ ਸਿੰਘ ਸੀਤਲ ਜੀ ਨੂੰ ਸਮਰਪਿਤ ਜਲੰਧਰ ਤੋਂ ਜਿੰਦਰ ਦੀ ਸੰਪਾਦਨਾ ਹੇਠ ਛਪਦੇ 'ਸ਼ਬਦ' ਮੈਗਜ਼ੀਨ ਦਾ ਵਿਸ਼ੇਸ਼ ਅੰਕ ਲੋਕ-ਅਰਪਣ ਕੀਤਾ ਗਿਆ। ਪੰਜਾਬ ਸਰਕਾਰ ਦੇ ਡਿਪਟੀ ਡਾਇਰੈਕਟਰ ਲੋਕ ਸੰਪਰਕ ਅਤੇ ਉੱਘੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਇਹ ਰਸਮ ਅਦਾ ਕੀਤੀ।

ਸ਼ਬਦ ਦੇ ਇਸ ਵਿਸ਼ੇਸ਼ ਅੰਕ ਵਿੱਚ ਗਿਆਨੀ ਸੋਹਣ ਸਿੰਘ ਸੀਤਲ ਜੀ ਦੇ ਜੀਵਨ, ਸਾਹਿਤਕ ਯੋਗਦਾਨ ਅਤੇ ਇਤਿਹਾਸ ਨੂੰ ਦੇਣ ਬਾਰੇ ਖੋਜ ਭਰਪੂਰ ਲੇਖ ਪ੍ਰਕਾਸ਼ਿਤ ਕੀਤੇ ਗਏ ਹਨ। ਢੰਗ ਨਾਲ ਮੈਗਜ਼ੀਨ ਦੀ ਭੂਮਿਕਾ ਖਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਅਤੇ ਉੱਘੇ ਚਿੰਤਕ ਡਾ. ਆਤਮ ਸਿੰਘ ਰੰਧਾਵਾ ਨੇ ਲਿਖੀ ਹੈ।

ਇਸ ਵੱਡ ਆਕਾਰੀ ਵਿਸ਼ੇਸ਼ ਅੰਕ ਬਾਰੇ ਜਾਣਕਾਰੀ ਦੇਂਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਗਿਆਨੀ ਸੋਹਣ ਸਿੰਘ ਸੀਤਲ ਜੀ ਦੀ ਸਰਬਾਗੀ ਸ਼ਖ਼ਸੀਅਤ ਸੀ। ਉਨ੍ਹਾਂ ਦੀ ਢਾਡੀ ਰਾਗ, ਸ਼ਾਇਰੀ, ਨਾਵਲਕਾਰੀ ਤੇ ਸਿੱਖ ਇਤਿਹਾਸਕਾਰੀ ਕਾਰਨ ਉਨ੍ਹਾਂ ਨੂੰ ਕਿਸੇ ਇੱਕ ਫਰੇਮ ਵਿੱਚ ਕੈਦ ਨਹੀਂ ਕੀਤਾ ਜਾ ਸਕਦਾ। ਉਹ ਪੰਜਾਬੀਅਤ ਦੇ ਭਰ ਵਗਦੇ ਦਰਿਆ ਸਨ ਜਿੰਨ੍ਹਾਂ ਦਾ ਲਿਖਿਆ ਗੀਤ ਕੀਮਾ ਮਲਕੀ ਤਾਂ ਲੋਕ ਗੀਤ ਦਾ ਰੁਤਬਾ ਹਾਸਲ ਕਰ ਚੁੱਕਾ ਹੈ।

ਉਨ੍ਹਾਂ ਦੇ ਨਾਵਲ ਜੁਗ ਬਦਲ ਗਿਆ ਨੂੰ ਭਾਵੇਂ ਭਾਰਤੀ ਸਾਹਿੱਤ ਅਕਾਡਮੀ ਪੁਰਸਕਾਰ ਮਿਲਿਆ ਪਰ ਲੋਕ ਮਨਾਂ ਵਿੱਚ "ਤੂਤਾਂ ਵਾਲਾ ਖੂਹ" ਦੀ ਛਾਪ ਗੂੜ੍ਹੀ ਹੈ।

ਨਵਦੀਪ ਸਿੰਘ ਗਿੱਲ ਨੇ ਕਿਹਾ ਕਿ ਗਿਆਨੀ ਸੋਹਣ ਸਿੰਘ ਸੀਤਲ ਦੇ ਨਾਵਲ ਤੂਤਾਂ ਵਾਲਾ ਖੂਹ ਨੂੰ ਸਲੇਬਸ ਵਿੱਚ ਪੜ੍ਹਨ ਵਾਲਿਆਂ ਦੀ ਗਿਣਤੀ ਭਾਵੇਂ ਲੱਖਾਂ ਹੈ ਪਰ ਮੁਹੰਮਦ ਸਦੀਕ ਦੇ ਗਾਏ ਗੀਤ "ਕੀਮਾ ਮਲਕੀ" ਕਾਰਨ ਉਨ੍ਹਾਂ ਦਾ ਨਾਮ ਕਰੋੜਾਂ ਪੰਜਾਬੀਆਂ ਦੇ ਮਨਾਂ ਵਿੱਚ ਵਸਿਆ ਹੋਇਆ ਹੈ। ਸਿੱਖ ਰਾਜ ਕਿਵੇਂ ਬਣਿਆ, ਸਿੱਖ ਰਾਜ ਕਿਵੇਂ ਗਿਆ, ਵਰਗੀਆਂ ਮੁੱਲਵਾਨ ਇਤਿਹਾਸਕ ਪੁਸਤਕਾਂ ਕਾਰਨ ਉਹ ਅਮਰ ਰਹਿਣਗੇ।

ਉਨ੍ਹਾਂ ਆਖਿਆ ਕਿ ਪ੍ਰੋ. ਮੋਹਨ ਸਿੰਘ ਯਾਦਗਾਰੀ ਮੇਲੇ ਵਿੱਚ ਉਨ੍ਹਾਂ ਦੀਆਂ ਢਾਡੀ ਪ੍ਰਸੰਗ ਪੇਸ਼ਕਾਰੀਆਂ ਹੁਣ ਵੀ ਯੂ ਟਿਊਬ ਤੋਂ ਮੈਂ ਅਕਸਰ ਸੁਣਦਾ ਹਾਂ। ਗਿਆਨੀ ਸੋਹਣ ਸਿੰਘ ਸੀਤਲ ਨੇ ਆਪਣੀ ਦਮਦਾਰ ਆਵਾਜ਼, ਵਿਲੱਖਣ ਪੇਸ਼ਕਾਰੀ ਅਤੇ ਇਤਿਹਾਸਕ ਸੂਝ ਰਾਹੀਂ ਪੰਜਾਬ ਦੇ ਇਤਿਹਾਸ ਨੂੰ ਲੋਕ-ਮਨਾਂ ਤੱਕ ਪਹੁੰਚਾਇਆ। ਇਸ ਕਰਕੇ ਉਨ੍ਹਾਂ ਨੂੰ ਪੰਜਾਬੀ ਲੋਕ-ਚੇਤਨਾ ਦਾ ਮਹੱਤਵਪੂਰਨ ਬਿਰਤਾਂਤ-ਸਿਰਜਕ ਕਿਹਾ ਜਾ ਸਕਦਾ ਹੈ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਸ਼ਬਦ ਦੇ ਸੰਪਾਦਕ ਜਿੰਦਰ ਅਤੇ ਇਸ ਵਿਸ਼ੇਸ਼ ਅੰਕ ਦੇ ਮੁੱਖ ਸੂਤਰਧਾਰ ਡਾ. ਗੁਰਬੀਰ ਸਿੰਘ ਬਰਾੜ ਨੂੰ ਮੁਬਾਰਕ ਦੇਂਦਿਆਂ ਕਿਹਾ ਕਿ ਯੂਨੀਵਰਸਿਟੀਆਂ ਦੇ ਮਿਆਰ ਤੋਂ ਵੀ "ਸ਼ਬਦ" ਦਾ ਇਹ ਉਚੇਰਾ ਅੰਕ ਭਵਿੱਖ ਦੇ ਖੋਜਕਾਰਾਂ ਤੇ ਵਿਦਿਆਰਥੀਆਂ ਲਈ ਰਾਹ ਦਿਸੇਰਾ ਬਣੇਗਾ।

ਪੀ.ਏ.ਯੂ. ਕਿਸਾਨ ਵਿਗਿਆਨ ਕੇਂਦਰ, ਫ਼ਰੀਦਕੋਟ ਵੱਲੋਂ ਪੀ.ਏ.ਯੂ. ਦੇ ਵਿਦਿਆਰਥੀਆਂ ਦਾ ਖੇਤੀਬਾੜੀ ਫਾਰਮ ਦਾ ਵਿਦਿਅਕ ਦੌਰਾ ਕਰਵਾਇਆ ਗਿਆ

ਅਗਾਂਹਵਧੂ ਕਿਸਾਨ ਬਲਧੀਰ ਸਿੰਘ ਭੁੱਲਰ ਨੇ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਸੁਰੱਖਿਅਤ ਖੇਤੀ ਦੇ ਤਜਰਬੇ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਫ਼ਰੀਦਕੋਟ, 12 ਨਵੰਬਰ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਬੀ.ਐੱਸ.ਸੀ. ਐਗਰੀਕਲਚਰ ਦੇ ਆਖਰੀ ਸਾਲ ਵਿੱਚ ਪੜ੍ਹ ਰਹੇ ਵਿਦਿਆਰਥੀ ਆਪਣੇ ਕੋਰਸ ਦੇ ਹਿੱਸੇ ਵਜੋਂ 'ਰੂਰਲ ਐਗਰੀਕਲਚਰ ਵਰਕ ਐਕਸਪੀਰੀਐਂਸ' (ਰਾਵੇ) ਪ੍ਰੋਗਰਾਮ ਤਹਿਤ ਇੱਕ ਮਹੀਨੇ ਦੀ ਸਿਖਲਾਈ ਲਈ ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਰੀਦਕੋਟ ਵਿਖੇ ਪਹੁੰਚੇ ਹੋਏ ਹਨ। ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਖੇਤਰ ਦੇ ਅਗਾਂਹਵਧੂ ਕਿਸਾਨ ਸ. ਬਲਧੀਰ ਸਿੰਘ ਭੁੱਲਰ ਦੇ ਫਾਰਮ ਦਾ ਵਿਦਿਅਕ ਦੌਰਾ ਕਰਵਾਇਆ ਗਿਆ।



ਪਿੰਡ ਚੁੱਘਾ ਸਿੰਘ ਨਗਰ ਦੇ ਵਸਨੀਕ ਸ. ਬਲਧੀਰ ਸਿੰਘ ਭੁੱਲਰ ਰਵਾਇਤੀ ਫ਼ਸਲਾਂ ਤੋਂ ਹਟ ਕੇ ਸਬਜ਼ੀਆਂ ਦੀ ਸੁਰੱਖਿਅਤ ਖੇਤੀ ਕਰ ਰਹੇ ਹਨ। ਉਨ੍ਹਾਂ ਨੂੰ ਸਤੰਬਰ 2026 ਦੌਰਾਨ ਪੀ.ਏ.ਯੂ. ਕਿਸਾਨ ਮੇਲੇ ਮੌਕੇ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਪ੍ਰਵਾਸੀ ਭਾਰਤੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਸੀ। ਉਹ ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਰੀਦਕੋਟ ਦੀ ਵਿਗਿਆਨਕ ਸਲਾਹਕਾਰ ਕਮੇਟੀ ਦੇ ਮੈਂਬਰ ਵੀ ਹਨ।

ਇਸ ਮੌਕੇ ਸ. ਬਲਧੀਰ ਸਿੰਘ ਭੁੱਲਰ ਨੇ ਵਿਦਿਆਰਥੀਆਂ ਨਾਲ ਆਪਣੇ ਖੇਤੀਬਾੜੀ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ ਸਾਲ 2021 ਵਿੱਚ ਸੁਰੱਖਿਅਤ ਖੇਤੀ ਕਰਨ ਦਾ ਫ਼ੈਸਲਾ ਕੀਤਾ ਸੀ। ਇਸ ਸਬੰਧੀ ਉਨ੍ਹਾਂ ਨੇ ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਰੀਦਕੋਟ ਤੋਂ ਸਿਖਲਾਈ ਅਤੇ ਤਕਨੀਕੀ ਮਾਰਗਦਰਸ਼ਨ ਪ੍ਰਾਪਤ ਕਰਕੇ ਇੱਕ ਏਕੜ ਤੋਂ ਸੁਰੱਖਿਅਤ ਖੇਤੀ ਦੀ ਸ਼ੁਰੂਆਤ ਕੀਤੀ।

ਸ਼ੁਰੂਆਤੀ ਦੌਰ ਵਿੱਚ ਇਹ ਕੰਮ ਉਨ੍ਹਾਂ ਲਈ ਨਵਾਂ ਹੋਣ ਅਤੇ ਤਜਰਬੇ ਦੀ ਘਾਟ ਕਾਰਨ ਕਾਫ਼ੀ ਚੁਣੌਤੀਪੂਰਨ ਰਿਹਾ, ਪਰ ਉਨ੍ਹਾਂ ਨੇ ਹਰ ਸਮੱਸਿਆ ਦੇ ਹੱਲ ਲਈ ਕੇ.ਵੀ.ਕੇ. ਦੇ ਮਾਹਿਰਾਂ ਤੋਂ ਤਕਨੀਕੀ ਸਲਾਹ ਲੈ ਕੇ ਆਪਣਾ ਸਫ਼ਰ ਜਾਰੀ ਰੱਖਿਆ।

ਉਨ੍ਹਾਂ ਦੱਸਿਆ ਕਿ ਅੱਜ ਉਹ ਲਗਭਗ 7 ਏਕੜ ਰਕਬੇ ਵਿੱਚ ਪੌਲੀ ਹਾਊਸ ਅਤੇ ਨੈੱਟ ਹਾਊਸ ਰਾਹੀਂ ਖੀਰਾ, ਸ਼ਿਮਲਾ ਮਿਰਚ, ਸਟਰਾਬੇਰੀ ਅਤੇ ਖਰਬੂਜ਼ੇ ਆਦਿ ਦੀ ਸਫ਼ਲ ਕਾਸ਼ਤ ਕਰ ਰਹੇ ਹਨ। ਇਸ ਦੇ ਨਾਲ ਹੀ ਤੁਪਕਾ ਸਿੰਚਾਈ ਵਿਧੀ ਅਪਣਾ ਕੇ ਪਾਣੀ ਦੀ ਬੱਚਤ ਵੀ ਕਰ ਰਹੇ ਹਨ।


ਉਨ੍ਹਾਂ ਕਿਹਾ ਕਿ ਫ਼ਸਲੀ ਵਿਭਿੰਨਤਾ ਅਤੇ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਣਾ ਕੇ ਹੋਰ ਕਿਸਾਨ ਵੀ ਖੇਤੀਬਾੜੀ ਵਿੱਚ ਸਫ਼ਲਤਾ ਹਾਸਲ ਕਰ ਸਕਦੇ ਹਨ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਅਗਾਂਹਵਧੂ ਕਿਸਾਨ ਨਾਲ ਸਿੱਧੀ ਗੱਲਬਾਤ ਕਰਨ ਅਤੇ ਉਸ ਦੇ ਫਾਰਮ ਦਾ ਨਿਰੀਖਣ ਕਰਨ ਦਾ ਮੌਕਾ ਮਿਲਿਆ, ਜਿਸ ਰਾਹੀਂ ਉਨ੍ਹਾਂ ਨੇ ਸੁਰੱਖਿਅਤ ਖੇਤੀ, ਫ਼ਸਲੀ ਵਿਭਿੰਨਤਾ ਅਤੇ ਆਧੁਨਿਕ ਖੇਤੀ ਤਕਨੀਕਾਂ ਬਾਰੇ ਵਿਹਾਰਕ ਜਾਣਕਾਰੀ ਹਾਸਲ ਕੀਤੀ।

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੀ ਸੂਬਾ ਕਮੇਟੀ ਦੀ ਆਨਲਾਈਨ ਹੋਈ ਮੀਟਿੰਗ

13 ਨਵੰਬਰ ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਲਗਾਏ ਜਾ ਰਹੇ ਪੱਕੇ ਮੋਰਚੇ ਵਿੱਚ ਭਰਵੀਂ ਸ਼ਮੂਲੀਅਤ ਦਾ ਫੈਸਲਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 12 ਨਵੰਬਰ : ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ , ਚੰਡੀਗੜ੍ਹ ਦੀ ਸੂਬਾ ਕਮੇਟੀ ਦੀ ਆਨਲਾਈਨ ਮੀਟਿੰਗ ਜਥੇਬੰਦੀ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸੂਬਾਈ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ, ਸੂਬਾਈ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਮੁੱਖ ਜਥੇਬੰਦਕ ਸਕੱਤਰ ਜਗਦੀਸ਼ ਸਿੰਘ ਚਾਹਲ, ਪ੍ਰੈਸ ਸਕੱਤਰ ਰਣਦੀਪ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਵਿੱਤ ਸਕੱਤਰ ਮਨਜੀਤ ਸਿੰਘ ਗਿੱਲ, ਸੂਬਾਈ ਆਗੂ ਬਲਕਾਰ ਵਲਟੋਹਾ ਅਤੇ ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਨੇ ਭਗਵੰਤ ਮਾਨ ਸਰਕਾਰ ‘ਤੇ ਦੋਸ਼ ਲਾਇਆ ਕਿ ਆਪਣੇ ਪੌਣੇ ਪੰਜ ਸਾਲਾਂ ਦੇ ਰਾਜ ਭਾਗ ਦੌਰਾਨ ਪਿਛਲੀਆਂ ਸਾਰੀਆਂ ਹੁਕਮਰਾਨ ਸਰਕਾਰਾਂ ਤੋਂ ਨਖਿੱਧ ਸਾਬਿਤ ਹੋਈ ਹੈ। ਆਗੂਆਂ ਨੇ ਅੱਗੇ ਕਿਹਾ ਕਿ ਇਸ ਸਰਕਾਰ ਤੋਂ ਪੰਜਾਬ ਦੇ ਸੱਤ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਭਰੋਸਾ ਪੂਰੀ ਤਰ੍ਹਾਂ ਉੱਠ ਚੁੱਕਿਆ ਹੈ ਅਤੇ ਜਥੇਬੰਦੀਆਂ ਨੇ ਮੁੱਖ ਮੰਤਰੀ ਨੂੰ ਸਕੱਤਰੇਤ ਤੋਂ ਸਤੌਜ ਤੱਕ ਵਾਪਿਸ ਭੇਜਣ ਦਾ ਪੱਕਾ ਫੈਸਲਾ ਕਰ ਲਿਆ ਹੈ। ਇਸ ਫੈਸਲੇ ਨੂੰ ਲਾਗੂ ਕਰਦੇ ਹੋਏ ਮੀਟਿੰਗ ਦੌਰਾਨ ਨਿਰਣਾ ਲਿਆ ਗਿਆ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 13 ਨਵੰਬਰ ਤੋਂ 19 ਨਵੰਬਰ ਤੱਕ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਡਿਪਟੀ ਕਮਿਸ਼ਨਰ ਦੇ ਦਫਤਰ ਜ਼ਿਲਾ ਪ੍ਰਬੰਧਕੀ ਕੰਪਲੈਕਸ ਸਾਹਮਣੇ ਲਗਾਏ ਜਾ ਰਹੇ ਪੱਕੇ ਮੋਰਚੇ ਵਿੱਚ, 1 ਦਸੰਬਰ ਤੋਂ 5 ਦਸੰਬਰ ਤੱਕ ਪੰਜਾਬ ਦੇ ਸਮੂਹ ਮੰਤਰੀਆਂ ਅਤੇ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਵਿਧਾਇਕਾਂ ਦੇ ਘਰਾਂ ਸਾਹਮਣੇ ਅਰਥੀ ਫੂਕ ਪ੍ਰਦਰਸ਼ਨ ਕਰਨ ਦੇ ਪ੍ਰੋਗਰਾਮਾਂ ਵਿੱਚ, 6 ਦਸੰਬਰ ਨੂੰ ਅਰਥੀ ਫੂਕ ਪ੍ਰਦਰਸ਼ਨਾਂ ਤੋਂ ਬਾਅਦ ਇਕੱਠੀ ਹੋਈ ਸੁਆਹ ਨੂੰ ਪੰਜਾਬ ਦੇ ਸਭ ਤੋਂ ਵੱਧ ਪ੍ਰਦੂਸ਼ਿਤ ਬੁੱਢਾ ਨਾਲਾ ਲੁਧਿਆਣਾ ਵਿਖੇ ਸੁੱਟਣ ਦੇ ਐਕਸ਼ਨ ਪ੍ਰੋਗਰਾਮਾਂ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਨਾਲ ਸਬੰਧਤ ਸਮੂਹ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।



ਮੀਟਿੰਗ ਨੇ ਆਮ ਆਦਮੀ ਪਾਰਟੀ ਨੂੰ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਇਸ ਵਤੀਰੇ ਦਾ ਖਮਿਆਜ਼ਾ ਨੇੜੇ ਭਵਿੱਖ ਵਿੱਚ ਆ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭੁਗਤਣ ਲਈ ਤਿਆਰ ਰਹਿਣ ਦੀ ਚਿਤਾਵਨੀ ਵੀ ਦਿੱਤੀ ਗਈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਸਮੂਹ ਹੱਕੀ ਅਤੇ ਜ਼ਾਇਜ਼ ਮੰਗਾਂ ਜਿਵੇਂ ਕਿ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਡੀ ਏ ਦੀਆਂ ਬਕਾਇਆ ਪਈਆਂ ਸਾਰੀਆਂ ਕਿਸ਼ਤਾਂ ਦੇਣ ਸਬੰਧੀ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਫੈਸਲਾ ਤੁਰੰਤ ਸਹੀ ਦਿਸ਼ਾ ਵਿੱਚ ਲਾਗੂ ਕਰਨਾ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕਰਨਾ, 15 ਜਨਵਰੀ 2015 ਅਤੇ 17 ਜੁਲਾਈ 2020 ਦੇ ਪੱਤਰ ਤੁਰੰਤ ਰੱਦ ਕਰਕੇ ਪੂਰੀਆਂ ਤਨਖਾਹ ਦੇਣਾ, ਪੈਨਸਨਰਾਂ ਦਾ 2.59 ਦਾ ਗੁਣਾਂਕ ਲਾਗੂ ਕਰਨਾ ਆਸ਼ਾ ਵਰਕਰਾਂ, ਆਂਗਨਵਾੜੀ ਵਰਕਰਾਂ ਅਤੇ ਮਿਡ ਡੇ ਮੀਲ ਵਰਕਰਾਂ ਲਈ ਘੱਟੋ ਘੱਟ ਉਜਰਤ ਕਾਨੂੰਨ ਲਾਗੂ ਕੀਤਾ ਜਾਵੇ ਅਤੇ 26000 ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ, ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ 37 ਕਿਸਮ ਦੇ ਬੰਦ ਕੀਤੇ ਗਏ ਸਾਰੇ ਭੱਤੇ ਤੁਰੰਤ ਬਹਾਲ ਕੀਤੇ ਜਾਣ, ਮਿਤੀ 1 ਜਨਵਰੀ 2026 ਤੋਂ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਤੁਰੰਤ ਸਥਾਪਨਾ ਕਰਨਾ ਆਦਿ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ।

ਸਮਝੇਂ ਤੂੰ ਪੁੱਤਾਂ ਨਾਲ ਸ਼ਾਨ ਮਾਏ ਮੇਰੀਏ



ਡੋਲ ਗਿਆ ਤੇਰਾ ਕਿਉਂ ਈਮਾਨ ਮਾਏ ਮੇਰੀਏ।
ਸਮਝੇਂ ਤੂੰ ਪੁੱਤਾਂ ਨਾਲ ਸ਼ਾਨ ਮਾਏ ਮੇਰੀਏ।

ਏਨੀ ਤੂੰ ਬੇਰਹਿਮੀ ਨਾਲ ਕੁੱਖ ਵਿਚੋਂ ਤੋਰ ਨਾ।
ਡੋਡੀ ਤੂੰ ਗੁਲਾਬ ਵਾਲੀ, ਅੱਗ ਉੱਤੇ ਭੋਰ ਨਾ।
ਤੇਰੇ ਤੋਂ ਬਗੈਰ ਮੇਰਾ ਦਰਦੀ ਕੋਈ ਹੋਰ ਨਾ।
ਬੰਦ ਕਾਹਨੂੰ ਕੀਤੀ ਤੂੰ ਜ਼ੁਬਾਨ ਮਾਏ ਮੇਰੀਏ।
ਸਮਝੇਂ ਤੂੰ ਪੁੱਤਾਂ ਨਾਲ ਸ਼ਾਨ ਮਾਏ ਮੇਰੀਏ।

ਦਾਜ ਤੇ ਦਹੇਜ ਵਾਲੇ ਲੋਭੀਆਂ ਤੋਂ ਡਰ ਨਾ।
ਹੰਝੂਆਂ ਨੂੰ ਪੂੰਝ, ਐਵੇਂ ਰੋਜ਼ ਰੋਜ਼ ਮਰ ਨਾ।
ਹਿੰਮਤਾਂ ਦੇ ਨਾਲ ਇਹ ਇਲਾਜ ਪੈਣਾ ਕਰਨਾ।
ਕਰ ਦੇ ਤੂੰ ਜੰਗ ਦਾ ਐਲਾਨ ਮਾਏ ਮੇਰੀਏ।
ਸਮਝੇਂ ਕਿਉਂ ਪੁੱਤਾਂ ਨਾਲ ਸ਼ਾਨ ਮਾਏ ਮੇਰੀਏ।

ਫਿਰਦੀ ਮੁੰਡੀਹਰ ਵਿਚ ਗਲੀਆਂ ਮੁਹੱਲਿਆਂ।
ਨੱਥ ਨਹੀਉਂ ਪੈਣੀ, ਇਨ੍ਹਾਂ ਤਾਈਂ ਮਾਏ ਕੱਲ੍ਹਿਆਂ।
ਮੁੱਕਣਾ ਨਹੀਂ ਪੈਂਡਾ, ਇਹ ਬਗੈਰ ਕਦੇ ਚੱਲਿਆਂ।
ਕੰਮ ਏਹੀ ਆਵੇਗਾ ਗਿਆਨ ਮਾਏ ਮੇਰੀਏ।
ਸਮਝੀਂ ਨਾ ਪੁੱਤਾਂ ਨਾਲ ਸ਼ਾਨ ਮਾਏ ਮੇਰੀਏ।

ਪੁੱਤ ਵੀ ਤਾਂ ਰੋਲਦੇ ਨੇ ਬਾਬਲੇ ਦੀ ਪੱਗ ਨੂੰ।
ਮੇਰੇ ਵੱਲੋਂ ਆਖਦੇ ਤੂੰ ਮਾਏ ਸਾਰੇ ਜੱਗ ਨੂੰ।
ਆਪ ਹੀ ਬੁਝਾਉ ਇਸ ਅਲੋਕਾਰ ਅੱਗ ਨੂੰ।
ਧੀਆਂ ਨਾਲ ਵੱਸਦਾ ਜਹਾਨ ਮਾਏ ਮੇਰੀਏ।
ਡੋਲ ਗਿਆ ਤੇਰਾ ਕਿਉਂ ਈਮਾਨ ਮਾਏ ਮੇਰੀਏ।
ਸਮਝੇਂ ਤੂੰ ਪੁੱਤਾਂ ਨਾਲ ਸ਼ਾਨ ਮਾਏ ਮੇਰੀਏ।

ਵਰਲਡ ਪੰਜਾਬੀ ਟਾਈਮਜ਼ ਗੁਰਭਜਨ ਗਿੱਲ

ਮੁੱਖ ਮੰਤਰੀ ਭਗਵੰਤ ਮਾਨ ਨੇ ਖੇਡ ਕ੍ਰਾਂਤੀ ਨੂੰ ਦਿੱਤਾ ਹੁਲਾਰਾ, 1,000 ਮੁੱਖ ਮੰਤਰੀ ਖੇਡ ਮੈਦਾਨਾਂ ਦਾ ਕੀਤਾ ਉਦਘਾਟਨ

3,100 ਖੇਡ ਮੈਦਾਨ ਬਣਾਉਣ ਦੀ ਯੋਜਨਾ ਨਾਲ ਬਦਲੇਗੀ ਪੰਜਾਬ ਦੀ ਖੇਡ ਤਸਵੀਰ, ਸ਼ਾਹਪੁਰ ਤੋਂ ਮੁੱਖ ਮੰਤਰੀ ਨੇ ਕੀਤੀ ਸ਼ੁਰੂਆਤ

ਮੰਤਰੀ ਸੌਂਦ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਕੀਤਾ ਸੀਐਮ ਮਾਨ ਦਾ ਸਵਾਗਤ, ਵਿਧਾਇਕ ਗੈਰੀ ਵੜਿੰਗ ਵੀ ਰਹੇ ਮੌਜੂਦ

ਖੰਨਾ, 12 ਨਵੰਬਰ :ਪੰਜਾਬ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨ ਅਤੇ ਪੇਂਡੂ ਖੇਤਰਾਂ ਵਿੱਚ ਖੇਡ ਸਹੂਲਤਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਪੰਜਾਬ ਸਰਕਾਰ ਵੱਲੋਂ ਅਹਿਮ ਉਪਰਾਲਾ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਜ਼ਿਲ੍ਹਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਪਿੰਡ ਸ਼ਾਹਪੁਰ ਤੋਂ 1,000 ਮੁੱਖ ਮੰਤਰੀ ਖੇਡ ਮੈਦਾਨਾਂ ਦਾ ਉਦਘਾਟਨ ਕੀਤਾ। ਇਹ ਉਪਰਾਲਾ ਸੂਬੇ ਵਿੱਚ 3,100 ਖੇਡ ਮੈਦਾਨ ਵਿਕਸਿਤ ਕਰਨ ਦੀ ਵਿਆਪਕ ਯੋਜਨਾ ਦਾ ਹਿੱਸਾ ਹੈ। ਇਸ ਮੌਕੇ ਕੈਬਨਿਟ ਮੰਤਰੀ ਅਤੇ ਹਲਕਾ ਖੰਨਾ ਦੇ ਵਿਧਾਇਕ ਤਰੁਣਪ੍ਰੀਤ ਸਿੰਘ ਸੌਂਦ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ। ਮੰਤਰੀ ਸੌਂਦ ਨੇ ਇਸ ਉਪਰਾਲੇ ਨੂੰ ਪੰਜਾਬ ਦੇ ਨੌਜਵਾਨਾਂ ਦੇ ਉੱਜਵਲ ਭਵਿੱਖ ਅਤੇ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਖੇਡ ਮੈਦਾਨ ਬਣਨ ਨਾਲ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਬਿਹਤਰ ਮੌਕੇ ਮਿਲਣਗੇ ਅਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਖੇਡ ਮੈਦਾਨ ਪੇਂਡੂ ਖੇਤਰਾਂ ਦੀਆਂ ਖੇਡ ਪ੍ਰਤਿਭਾਵਾਂ ਨੂੰ ਅੱਗੇ ਵਧਾਉਣ ਅਤੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਨਵੀਂ ਪਛਾਣ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਇਸ ਮੌਕੇ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਵੜਿੰਗ ਸਮੇਤ ਪਾਰਟੀ ਦੀ ਹੋਰ ਸੀਨੀਅਰ ਲੀਡਰਸ਼ਿਪ ਵੀ ਵਿਸ਼ੇਸ਼ ਤੌਰ ‘ਤੇ ਮੌਜੂਦ ਰਹੀ।



ਰਾਂਚੀ ਵਿੱਚ ਨਵਾਂ ਕੌਮੀ ਰਿਕਾਰਡ ਬਣਾਉਣ ਵਾਲੀਆਂ ਪੰਜਾਬ ਦੀਆਂ ਸਾਈਕਲਿਸਟ ਧੀਆਂ, ਤਗਮਾ ਜੇਤੂ ਲੜਕਿਆਂ ਅਤੇ ਕੋਚਾਂ ਦਾ ਸਨਮਾਨ

ਐਸੋਸੀਏਸ਼ਨ ਦੇ ਮੁੱਖ ਸਰਪ੍ਰਸਤ ਦਰਸ਼ਨ ਸਿੰਘ ਧਾਲੀਵਾਲ ਨੇ ਸਨਮਾਨਿਤ ਖਿਡਾਰੀਆਂ ਨੂੰ 25-25 ਹਜ਼ਾਰ ਰੁਪਏ ਦੇ ਨਕਦ ਇਨਾਮ ਦਿੱਤੇ; ਐਸੋਸੀਏਸ਼ਨ ਨੂੰ 04 ਲੱਖ ਰੁਪਏ ਦੇਣ ਦਾ ਐਲਾਨ

2027 ਦੀ ਕੌਮੀ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਪੰਜਾਬ ਨੂੰ ਮਿਲੀ, ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੂੰ ਸੌਂਪਿਆ ਫੈਡਰੇਸ਼ਨ ਦਾ ਝੰਡਾ

ਪੰਜਾਬ ਦੇ ਰਜਿਸਟਰਡ ਸਾਈਕਲਿਸਟਾਂ ਅਤੇ ਕੋਚਾਂ ਦਾ ਸਮੂਹਿਕ ਬੀਮਾ ਕਰਵਾਏਗੀ ਐਸੋਸੀਏਸ਼ਨ

ਰਾਂਚੀ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਟੀਮ ਨੂੰ ਮਿਲਿਆ ‘ਬੈਸਟ ਫੇਅਰ ਪਲੇਅ ਐਵਾਰਡ’

ਪਟਿਆਲਾ, 12 ਨਵੰਬਰ : ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਅੱਜ ਪਟਿਆਲਾ ਦੇ ਸੁਰਿਆ ਕੰਪਲੈਕਸ ਸਥਿਤ ਆਪਣੇ ਦਫ਼ਤਰ ਵਿਖੇ ਕਰਵਾਏ ਸਮਾਗਮ ਦੌਰਾਨ ਰਾਂਚੀ (ਝਾਰਖੰਡ) ਵਿੱਚ ਹੋਈ ਕੌਮੀ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਨਵਾਂ ਕੌਮੀ ਰਿਕਾਰਡ ਬਣਾਉਣ ਵਾਲੀ ਪੰਜਾਬ ਦੀ ਸਬ-ਜੂਨੀਅਰ ਲੜਕੀਆਂ ਦੀ ਟੀਮ ਅਤੇ ਤਗਮਾ ਜੇਤੂ ਲੜਕਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪੰਜਾਬ ਦੀ ਟੀਮ ਦੇ ਕੋਚਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਐਸੋਸੀਏਸ਼ਨ ਦੇ ਮੁੱਖ ਸਰਪ੍ਰਸਤ, ਉੱਘੇ ਉਦਯੋਗਪਤੀ ਅਤੇ ਕੌਮਾਂਤਰੀ ਪੱਧਰ ‘ਤੇ ਸਮਾਜ ਸੇਵਾ ਨਾਲ ਜੁੜੇ ਦਰਸ਼ਨ ਸਿੰਘ ਧਾਲੀਵਾਲ ਨੇ ਸਨਮਾਨਿਤ ਖਿਡਾਰੀਆਂ ਨੂੰ 25-25 ਹਜ਼ਾਰ ਰੁਪਏ ਦੇ ਨਕਦ ਇਨਾਮ ਭੇਟ ਕੀਤੇ ਅਤੇ ਐਸੋਸੀਏਸ਼ਨ ਨੂੰ 04 ਲੱਖ ਰੁਪਏ ਦੇਣ ਦਾ ਐਲਾਨ ਕੀਤਾ।



ਇਸ ਮੌਕੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਖ਼ਜ਼ਾਨਚੀ ਬੀ. ਐੱਸ. ਸੂਦਨ ਅਤੇ ਉਪ ਪ੍ਰਧਾਨ ਐੱਸ. ਪੀ. ਸਿੰਘ ਵੀ ਹਾਜ਼ਰ ਸਨ।



ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਪੰਜਾਬ ਦੀਆਂ ਸਬ-ਜੂਨੀਅਰ ਖਿਡਾਰਨਾਂ ਨੇ ਟੀਮ ਸਪ੍ਰਿੰਟ ਮੁਕਾਬਲੇ ਵਿੱਚ ਸੱਤ ਸਾਲ ਪੁਰਾਣਾ ਕੌਮੀ ਰਿਕਾਰਡ ਤੋੜਦਿਆਂ ਸੋਨ ਤਗਮਾ ਜਿੱਤਿਆ। ਇਸ ਰਿਕਾਰਡਧਾਰੀ ਟੀਮ ਵਿੱਚ ਜਪਨੀਤ ਕੌਰ (ਪਿਤਾ ਜਗਦੀਪ ਸਿੰਘ, ਮਾਤਾ ਸੁਖਜਿੰਦਰ ਕੌਰ), ਪਲਕਪ੍ਰੀਤ ਕੌਰ (ਪਿਤਾ ਬਲਜਿੰਦਰ ਸਿੰਘ, ਮਾਤਾ ਹਰਪ੍ਰੀਤ ਕੌਰ), ਗੁਨਤਾਸ ਸੰਧੂ (ਪਿਤਾ ਗੁਰਮੀਤ ਸਿੰਘ, ਮਾਤਾ ਪੁਨਮਦੀਪ ਕੌਰ) ਅਤੇ ਪ੍ਰੀਤੀ ਸ਼ਾਹ (ਪਿਤਾ ਗਣੇਸ਼ ਸ਼ਾਹ, ਮਾਤਾ ਰੇਣੂ ਦੇਵੀ) ਸ਼ਾਮਲ ਸਨ।

ਸਮਾਗਮ ਦੌਰਾਨ ਪੰਜਾਬ ਦੀ ਟੀਮ ਦੇ ਮੁੱਖ ਕੋਚ ਸਤਵਿੰਦਰ ਸਿੰਘ, ਕੋਚ ਭੁਪਿੰਦਰ ਕੁਮਾਰ ਤੇ ਇਕਵਿੰਦਰ ਸਿੰਘ ਅਤੇ ਮਹਿਲਾ ਕੋਚ ਹਰਪ੍ਰੀਤ ਕੌਰ ਨੂੰ ਖਿਡਾਰੀਆਂ ਦੀ ਸਿਖਲਾਈ ਅਤੇ ਮਾਰਗਦਰਸ਼ਨ ਲਈ ਸਨਮਾਨਿਤ ਕੀਤਾ ਗਿਆ।

ਕਾਹਲੋਂ ਨੇ ਦੱਸਿਆ ਕਿ ਸੀਨੀਅਰ ਪੁਰਸ਼ਾਂ ਦੇ 10 ਕਿਲੋਮੀਟਰ ਸਕ੍ਰੈਚ ਮੁਕਾਬਲੇ ਵਿੱਚ ਪੰਜਾਬ ਦੇ ਹਰਸ਼ਵੀਰ ਸਿੰਘ ਸੇਖੋਂ ਨੇ ਸੋਨ ਤਗਮਾ ਜਿੱਤਿਆ। ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਇਸੇ ਚੈਂਪੀਅਨਸ਼ਿਪ ਦੌਰਾਨ ਪੰਜਾਬ ਦੀ ਟੀਮ ਨੂੰ ਖੇਡ ਭਾਵਨਾ ਅਤੇ ਅਨੁਸ਼ਾਸਨ ਲਈ ‘ਬੈਸਟ ਫੇਅਰ ਪਲੇਅ ਐਵਾਰਡ’ ਵੀ ਦਿੱਤਾ ਗਿਆ।

ਕਾਹਲੋਂ ਨੇ ਦੱਸਿਆ ਕਿ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਨੇ 2027 ਦੀ ਕੌਮੀ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਪੰਜਾਬ ਨੂੰ ਸੌਂਪੀ ਹੈ। ਇਹ ਚੈਂਪੀਅਨਸ਼ਿਪ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਕਰਵਾਈ ਜਾਵੇਗੀ। ਸਮਾਗਮ ਦੌਰਾਨ ਮੇਜ਼ਬਾਨ ਰਾਜ ਨੂੰ ਦਿੱਤਾ ਜਾਣ ਵਾਲਾ ਫੈਡਰੇਸ਼ਨ ਦਾ ਝੰਡਾ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੂੰ ਭੇਟ ਕੀਤਾ ਗਿਆ।

ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਕੋਚਾਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਬ-ਜੂਨੀਅਰ ਲੜਕੀਆਂ ਦਾ ਕੌਮੀ ਰਿਕਾਰਡ ਉਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਕੋਚਾਂ ਵੱਲੋਂ ਦਿੱਤੀ ਸਿਖਲਾਈ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਦੀ ਕਾਰਜਕਾਰਨੀ ਪਿਛਲੇ ਕਈ ਮਹੀਨਿਆਂ ਤੋਂ ਪੰਜਾਬ ਵਿੱਚ ਸਾਈਕਲਿੰਗ ਨੂੰ ਮੁੜ ਪ੍ਰਫੁੱਲਤ ਕਰਨ ਲਈ ਕੰਮ ਕਰ ਰਹੀ ਹੈ।

ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਪੰਜਾਬ ਨੂੰ ਮਿਲੀ ਮੇਜ਼ਬਾਨੀ ਐਸੋਸੀਏਸ਼ਨ ਲਈ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਦੌਰਾਨ ਮੁਕਾਬਲਿਆਂ ਦੇ ਸੁਚੱਜੇ ਸੰਚਾਲਨ ਅਤੇ ਦੇਸ਼ ਭਰ ਤੋਂ ਆਉਣ ਵਾਲੇ ਖਿਡਾਰੀਆਂ ਦੀਆਂ ਲੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ। ਉਨ੍ਹਾਂ ਪੰਜਾਬ ਦੀ ਟੀਮ ਨੂੰ ‘ਬੈਸਟ ਫੇਅਰ ਪਲੇਅ ਐਵਾਰਡ’ ਮਿਲਣ ’ਤੇ ਵਧਾਈ ਦਿੰਦਿਆਂ ਕਿਹਾ ਕਿ ਖਿਡਾਰੀਆਂ ਨੇ ਆਪਣੇ ਪ੍ਰਦਰਸ਼ਨ ਅਤੇ ਖੇਡ ਭਾਵਨਾ ਨਾਲ ਪੰਜਾਬ ਦਾ ਮਾਣ ਵਧਾਇਆ ਹੈ।

ਮੁੱਖ ਸਰਪ੍ਰਸਤ ਦਰਸ਼ਨ ਸਿੰਘ ਧਾਲੀਵਾਲ ਨੇ ਕਿਹਾ ਕਿ ਜੇਤੂਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕਰਨ ਦਾ ਮਕਸਦ ਉਨ੍ਹਾਂ ਦੀ ਮਿਹਨਤ ਦੀ ਕਦਰ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਵੱਲੋਂ ਸੱਤ ਸਾਲ ਪੁਰਾਣਾ ਕੌਮੀ ਰਿਕਾਰਡ ਤੋੜਨਾ ਉਨ੍ਹਾਂ ਬੱਚੀਆਂ ਲਈ ਪ੍ਰੇਰਣਾ ਹੈ ਜੋ ਸਾਈਕਲਿੰਗ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਸ਼ੁਰੂ ਕਰ ਰਹੀਆਂ ਹਨ।

ਐਸੋਸੀਏਸ਼ਨ ਦੇ ਖ਼ਜ਼ਾਨਚੀ ਬੀ. ਐੱਸ. ਸੂਦਨ ਨੇ ਕਿਹਾ, “ਕੌਮੀ ਪੱਧਰ ’ਤੇ ਤਗਮੇ ਜਿੱਤਣ ਵਾਲੇ ਖਿਡਾਰੀਆਂ ਨੂੰ ਨਕਦ ਇਨਾਮ ਦੇਣਾ ਉਨ੍ਹਾਂ ਦੀ ਮਿਹਨਤ ਦੀ ਕਦਰ ਕਰਨ ਦਾ ਇੱਕ ਤਰੀਕਾ ਹੈ। ਇਸ ਮੌਕੇ ਕੋਚਾਂ ਦਾ ਸਨਮਾਨ ਕਰਕੇ ਐਸੋਸੀਏਸ਼ਨ ਨੇ ਖਿਡਾਰੀਆਂ ਦੀ ਤਿਆਰੀ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਵੀ ਮਾਨਤਾ ਦਿੱਤੀ ਹੈ।”

ਐਸੋਸੀਏਸ਼ਨ ਦੇ ਉਪ ਪ੍ਰਧਾਨ ਐੱਸ. ਪੀ. ਸਿੰਘ ਨੇ ਕਿਹਾ, “ਸਾਡੀਆਂ ਸਬ-ਜੂਨੀਅਰ ਖਿਡਾਰਨਾਂ ਨੇ ਟੀਮ ਸਪ੍ਰਿੰਟ ਵਿੱਚ ਸੱਤ ਸਾਲ ਪੁਰਾਣਾ ਕੌਮੀ ਰਿਕਾਰਡ ਤੋੜ ਕੇ ਪੰਜਾਬ ਦੀਆਂ ਹੋਰ ਧੀਆਂ ਨੂੰ ਸਾਈਕਲਿੰਗ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਹੈ। 2027 ਦੀ ਕੌਮੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਨਾਲ ਪੰਜਾਬ ਦੇ ਉੱਭਰਦੇ ਸਾਈਕਲਿਸਟਾਂ ਨੂੰ ਕੌਮੀ ਪੱਧਰ ਦੇ ਮੁਕਾਬਲੇ ਨੇੜਿਓਂ ਵੇਖਣ ਅਤੇ ਤਜਰਬੇਕਾਰ ਖਿਡਾਰੀਆਂ ਤੋਂ ਸਿੱਖਣ ਦਾ ਮੌਕਾ ਮਿਲੇਗਾ।”

ਜਗਦੀਪ ਸਿੰਘ ਕਾਹਲੋਂ ਨੇ ਐਲਾਨ ਕੀਤਾ ਕਿ ਐਸੋਸੀਏਸ਼ਨ ਆਪਣੇ ਕੋਲ ਰਜਿਸਟਰਡ ਪੰਜਾਬ ਦੇ ਸਾਰੇ ਸਾਈਕਲਿਸਟਾਂ ਅਤੇ ਕੋਚਾਂ ਦਾ ਸਮੂਹਿਕ ਬੀਮਾ ਕਰਵਾਏਗੀ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਉਦੇਸ਼ ਹਾਦਸੇ ਦੀ ਸੂਰਤ ਵਿੱਚ ਖਿਡਾਰੀਆਂ, ਕੋਚਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਿੱਤੀ ਸਹਾਰਾ ਦੇਣਾ ਹੈ।

ਕਾਹਲੋਂ ਨੇ ਪੰਜਾਬ ਵਿੱਚ ਸਾਈਕਲਿੰਗ ਦੇ ਵਿਕਾਸ ਲਈ ਸਹਿਯੋਗ ਦੇਣ ਵਾਸਤੇ ਮੁੱਖ ਸਰਪ੍ਰਸਤ ਦਰਸ਼ਨ ਸਿੰਘ ਧਾਲੀਵਾਲ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਉਂਕਾਰ ਸਿੰਘ ਅਤੇ ਫੈਡਰੇਸ਼ਨ ਦੇ ਸਕੱਤਰ ਜਨਰਲ ਮਨਿੰਦਰਪਾਲ ਸਿੰਘ ਦਾ ਧੰਨਵਾਦ ਕੀਤਾ। ਉਨ੍ਹਾਂ ਆਸਟ੍ਰੇਲੀਆ ਵੱਸਦੀ ਏਸ਼ਿਆਈ ਚੈਂਪੀਅਨਸ਼ਿਪ ਦੀ ਚਾਂਦੀ ਦਾ ਤਗਮਾ ਜੇਤੂ ਕੁਲਵਿੰਦਰ ਕੌਰ ਅਤੇ ਕੈਨੇਡਾ ਵੱਸਦੇ ਸਾਬਕਾ ਕੌਮੀ ਸਾਈਕਲਿਸਟ ਸੰਦੀਪ ਬਜਾਜ ਵੱਲੋਂ ਦਿੱਤੇ ਜਾ ਰਹੇ ਨਿਰੰਤਰ ਸਹਿਯੋਗ ਦੀ ਵੀ ਸ਼ਲਾਘਾ ਕੀਤੀ।

ਇਸ ਮੌਕੇ ਐੱਨ.ਐੱਸ.ਐੱਨ.ਆਈ.ਐੱਸ., ਪਟਿਆਲਾ ਦੇ ਮੁੱਖ ਸਾਈਕਲਿੰਗ ਕੋਚ ਜੋਗਿੰਦਰ ਸਿੰਘ, ਕੌਮਾਂਤਰੀ ਸਾਈਕਲਿਸਟ ਗੁਰਮੀਤ ਸਿੰਘ, ਸਤਬੀਰ ਸਿੰਘ, ਖੇਡ ਪ੍ਰਮੋਟਰ ਜਸਪਾਲ ਸਿੰਘ, ਐਸੋਸੀਏਸ਼ਨ ਦੇ ਅਹੁਦੇਦਾਰ ਰਾਜੇਸ਼ ਕੁਮਾਰ ਬਿੱਟੂ ਅਤੇ ਬ੍ਰਿਜ ਅਸ਼ੋਕ ਅਰੋੜਾ ਵੀ ਹਾਜ਼ਰ ਸਨ।